## ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

**ਜ਼ਿਲ੍ਹਾ ਪੱਧਰੀ ਅਧਿਕਾਰੀ ਮਹੀਨਾਵਾਰ ਮੀਟਿੰਗ 'ਚ ਖੁਦ ਹਾਜ਼ਰ ਹੋਣਾ ਬਣਾਉਣ ਯਕੀਨੀ-ਡੀ.ਸੀ.**

**ਮੀਟਿੰਗ ਦੌਰਾਨ ਗੈਰ ਹਾਜ਼ਰ ਰਹਿਣ ਵਾਲੇ ਅਧਿਕਾਰੀਆਂ ਖਿਲਾਫ ਹੋਵੇਗੀ ਕਾਰਵਾਈ**

**ਗੈਰ-ਹਾਜ਼ਰ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ**

**ਪੈਂਡਿੰਗ ਪਏ ਵਿਕਾਸ ਕੰਮ ਜਲਦ ਤੋਂ ਜਲਦ ਪੂਰਾ ਕਰਨ ਦੇ ਆਦੇਸ਼**

**15 ਦਿਨਾਂ ਦੇ ਅੰਦਰ-ਅੰਦਰ ਜਮ੍ਹਾਂ ਕਰਵਾਏ ਜਾਣ ਵਰਤੋਂ ਸਰਟੀਫਿਕੇਟ**

**ਮੀਟਿੰਗ ਦੌਰਾਨ ਕੀਤੇ ਵਿਕਾਸ ਕੰਮਾਂ ਦਾ ਲਿਆ ਲੇਖਾ ਜ਼ੋਖਾ**

**ਜ਼ਿਲ੍ਹਾ ਪੱਧਰੀ ਵਿਕਾਸ ਕਮੇਟੀ ਦੀ ਮੀਟਿੰਗ ਆਯੋਜਿਤ**

ਫਾਜ਼ਿਲਕਾ 20 ਸਤੰਬਰ

ਡਿਪਟੀ ਕਮਿਸ਼ਨਰ ਸ਼੍ਰੀਮਤੀ ਈਸ਼ਾ ਕਾਲੀਆ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪੱਧਰੀ ਵਿਕਾਸ ਕਮੇਟੀ ਦੀ ਮਹੀਨਾਵਾਰ ਮੀਟਿੰਗ ਹੋਈ। ਇਸ ਦੌਰਾਨ ਉਨ੍ਹਾਂ ਜ਼ਿਲ੍ਹੇ ਅੰਦਰ ਚੱਲ ਰਹੇ ਵਿਕਾਸ ਕਾਰਜਾਂ ਦਾ ਲੇਖਾ ਜ਼ੋਖਾ ਕੀਤਾ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਉਹ ਜ਼ਿਲ੍ਹੇ ਵਿਚ ਪੈਂਡਿੰਗ ਪਏ ਵਿਕਾਸ ਕੰਮਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਅਤੇ ਪੂਰੇ ਹੋ ਚੁੱਕੇ ਕੰਮਾਂ ਦੇ ਵਰਤੋਂ ਸਾਰਟੀਫਿਕੇਟ 15 ਦਿਨਾਂ ਦੇ ਅੰਦਰ-ਅੰਦਰ ਜਮ੍ਹਾਂ ਕਰਵਾਉਣ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਦਿੰਦਿਆਂ ਕਿਹਾ ਕਿ ਮਿੱਥੇ ਗਏ ਟੀਚਿਆਂ ਨੂੰ ਤੈਅ ਸਮੇਂ ਅੰਦਰ ਪੂਰਾ ਕਰਨਾ ਯਕੀਨੀ ਬਣਾਇਆ ਜਾਵੇ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮਹੀਨਾਵਾਰ ਮੀਟਿੰਗ ਦੌਰਾਨ ਖੁਦ ਹਾਜਰ ਹੋਣਾ ਬਣਾਉਣ। ਉਨ੍ਹਾਂ ਕੋਲੋ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੀਟਿੰਗ ਵਿੱਚ ਗੈਰ ਹਾਜ਼ਰ ਨਾ ਹੋਣ। ਇਸ ਮੌਕੇ ਉਨ੍ਹਾਂ ਗੈਰ ਹਾਜ਼ਰ ਰਹਿਣ ਵਾਲੇ ਅਧਿਕਾਰੀਆਂ ਖਿਲਾਫ ਸਖਤ ਕਾਰਵਾਈ ਕਰਦਿਆਂ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੀ ਵੀ ਹਦਾਇਤ ਕੀਤੀ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿਚ ਚੱਲ ਰਹੇ ਵਿਕਾਸ ਕੰਮਾਂ ਸਬੰਧੀ ਸਮੇਂ-ਸਮੇਂ ਤੇ ਰਿਪੋਰਟ ਭੇਜੀ ਜਾਵੇ ਤਾਂ ਜ਼ੋ ਕੰਮਾਂ ਦੀ ਸਮੀਖਿਆ ਕੀਤੀ ਜਾ ਸਕੇ। ਮੀਟਿੰਗ ਦੌਰਾਨ ਉਨ੍ਹਾਂ ਪੰਜਾਬ ਪਾਵਰ ਕਾਰਪੋਰੇਸ਼ਨ, ਪੀ.ਡਬਲਯੂ.ਡੀ., ਪਬਲਿਕ ਹੈਲਥ, ਪੰਜਾਬ ਮੰਡੀ ਬੋਰਡ, ਵਾਟਰ ਸਪਲਾਈ, ਵਾਟਰ ਵਰਕਸ ਅਤੇ ਭੂਮੀ ਵਿਭਾਗ ਅਧੀਨ ਚੱਲ ਰਹੇ ਕੰਮਾਂ ਸਬੰਧੀ ਵੀ ਜਾਣਕਾਰੀ ਲਈ ਅਤੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਵਿਕਾਸ ਕੰਮ ਪੂਰੇ ਕਰਕੇ ਜਲਦ ਤੋਂ ਜਲਦ ਵਰਤੋਂ ਸਾਰਟੀਫਿਕੇਟ ਦੇਣ ਲਈ ਕਿਹਾ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨੂੰ ਆਦੇਸ਼ ਦਿੱਤੇ ਕਿ ਉਹ ਪੈਨਸ਼ਨਧਾਰਕਾਂ ਦੇ ਦਸਤਾਵੇਜ਼ਾਂ ਦੀ ਪੜਤਾਲ ਕਰਕੇ ਯੋਗ ਪੈਨਸ਼ਨਧਾਰਕਾਂ ਨੂੰ ਜਲਦ ਤੋਂ ਜਲਦ ਪੈਨਸ਼ਨ ਮੁਹੱਈਆ ਕਰਵਾਈ ਜਾਵੇ ਤਾਂ ਜ਼ੋ ਕੋਈ ਵੀ ਯੋਗ ਵਿਅਕਤੀ ਪੈਨਸ਼ਲ ਲੈਣ ਤੋਂ ਵਾਂਝਾ ਨਾ ਰਹਿ ਸਕੇ। ਉਨ੍ਹਾਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੂੰ ਹਦਾਇਤ ਦਿੰਦਿਆ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਜਿਸ ਕੰਮ ਲਈ ਗ੍ਰਾਂਟ ਮਿਲੀ ਹੈ ਉਸੇ ਕੰਮ ਲਈ ਹੀ ਵਰਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਬਿਜਲੀ ਬੋਰਡ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਆਦੇਸ਼ ਦਿੱਤੇ ਹਨ ਕਿ ਪੈਡਿੰਗ ਪਏ ਬਿਲਾਂ ਨੂੰ ਵੀ ਜਲਦ ਵਸੂਲਿਆ ਜਾਵੇ। ਉਨ੍ਹਾਂ ਰੋਜ਼ਗਾਰ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਹੈ ਕਿ ਰੋਜ਼ਗਾਰ ਮੇਲੇ ਦੌਰਾਨ ਯੋਗ ਪਾਏ ਗਏ ਸਿੱਖਿਆਰਥੀਆਂ ਦੀ ਨਿਯੁਕਤੀ ਸਬੰਧੀ ਰਿਪੋਰਟ ਵੀ ਦਿੱਤੀ ਜਾਵੇ। ਉਨ੍ਹਾਂ ਵਾਟਰ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਵਿਕਾਸ ਕਾਰਜਾਂ ਸਬੰਧੀ ਖਾਸ ਕਰਕੇ ਸਰਹੱਦੀ ਪਿੰਡਾਂ ਦੇ ਵਿਕਾਸ ਲਈ ਨਵੇਂ ਪ੍ਰੋਪੋਜ਼ਲ ਤਿਆਰ ਕਰਕੇ ਰਿਪੋਰਟ ਭੇਜੀ ਜਾਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ਼੍ਰੀ ਰਣਬੀਰ ਸਿੰਘ ਮੁੱਧਲ, ਸਹਾਇਕ ਕਮਿਸ਼ਨਰ(ਅੰਡਰ ਟ੍ਰੇਨਿੰਗ) ਸ੍ਰੀ ਰਣਦੀਪ ਸਿੰਘ ਹੀਰ, ਐਸ.ਡੀ.ਐਮ. ਅਬੋਹਰ ਮਿਸ ਪੂਨਮ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਰੁਨ ਜਿੰਦਲ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ਼੍ਰੀ ਮੁਕੇਸ਼ ਗੌਤਮ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।